**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਗੁਰੂਸਰ ਸੁਧਾਰ, ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਲੁਧਿਆਣਾ। ------ਉੱਤਰਦਾਤਾ

**ਅਪੀਲ ਕੇਸ ਨੰ:1819/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪ੍ਰਭਜੋਤ ਕੌਰ, ਸਹਾਇਕ ਪ੍ਰੋਗਰਾਮ ਅਫਸਰ (99141-09683)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 11-01-2019, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਗੁਰੂਸਰ ਸੁਧਾਰ, ਜ਼ਿਲ੍ਹਾ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸੈਕਟਰੀ ਸ਼੍ਰੀ ਕਰਮਜੀਤ ਸਿੰਘ, ਬਲਾਕ ਸੁਧਾਰ, ਲੁਧਿਆਣਾ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਪ੍ਰਭਜੋਤ ਕੌਰ, ਸਹਾਇਕ ਪ੍ਰੋਗਰਾਮ ਅਫਸਰ ਨੇ ਅਪੀਲਕਰਤਾ ਦੇ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਹਾਜ਼ਰ ਹੋ ਕੇ ਦੱਸਿਆ ਕਿ ਉਨ੍ਹਾਂ ਦੀ ਇਸ ਸੀਟ ਤੇ ਹੁਣੇ ਤੈਨਾਤੀ ਹੋਈ ਹੈ ਅਤੇ ਅਪੀਲਕਰਤਾ ਨੂੰ ਸੂਚਨਾ ਜਲਦੀ ਮੁਹੱਈਆ ਕਰਾਉਣ ਦਾ ਭਰੋਸਾ ਦਿੱਤਾ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਆਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਅਗਲੀ ਪੇਸ਼ੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸੁਰਜੀਤ ਸੋਢੀ, ਐਮ.ਸੀ., (98720-70863)
ਵਾਰਡ ਨੰ:22 ਮਕਾਨ ਨੰ: 1634,
ਸੈਕਟਰ-70, ਮੁਹਾਲੀ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਨਗਰ ਨਿਗਮ, ਮੁਹਾਲੀ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਨਗਰ ਨਿਗਮ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ: 1827/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਅਜੈ ਕੁਮਾਰ (98724-21801)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਰਾਜੀਵ ਕੁਮਾਰ, ਸਕੱਤਰ, ਕਾਰਪੋਰੇਸ਼ਨ (98143-77099)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 26-02-2019, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਨਿਗਮ, ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਰ.ਟੀ.ਆਈ. ਐਕਟ, 2005 ਦੀ ਧਾਰਾ 4 ਤਹਿਤ ਆਪਣੇ ਆਪ ਮਿਊਂਸਿਪਲ ਕਾਰਪੋਰੇਸ਼ਨ, ਐਕਟ ਦੇ ਉਪਬੰਧਾਂ ਨੂੰ ਲਾਗ ਕਰਨ ਨਾਲ ਸਬੰਧਤ 12 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਹਾਜ਼ਰ, ਸ਼੍ਰੀ ਰਾਜੀਵ ਕੁਮਾਰ, ਸਕੱਤਰ, ਕਾਰਪੋਰੇਸ਼ਨ ਨੇ ਪੱਤਰ ਨੰ:67/ਸੈਕਟਰੀ, ਮਿਤੀ 16-08-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਵੀ ਪਿੱਠ-ਅੰਕਿਤ ਹੈ, ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਨੁਕਤਾ-ਵਾਰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ।

3. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਅਜੈ ਕੁਮਾਰ ਨੇ ਪੱਤਰ, ਮਿਤੀ ਨਿੱਲ ਪੇਸ਼ ਕਰਦੇ ਹੋਏ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ ਨੁਮਾਇੰਦੇ ਵਲੋਂ ਪੇਸ਼ ਕੀਤਾ ਗਿਆ ਪੱਤਰ, ਮਿਸਲ ਤੇ ਰੱਖ ਲਿਆ ਗਿਆ ਹੈ। ਹਾਜ਼ਰ ਉੱਤਰਦਾਤਾ ਵੱਲੋਂ ਸੂਚਨਾ ਦੀ ਇੱਕ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਦਸਤੀ ਦੇ ਦਿੱਤੀ ਗਈ ਹੈ।

4. ਇਸ ਲਈ ਅਪੀਲਕਰਤਾ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੁਪ ਵਿੱਚ ਸਿੱਧੇ ਤੌਰ ਤੇ ਲੋਕ ਸੂਚਨਾ ਦਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ ਤਾਂ ਜੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 19 **ਅਗਸਤ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਜਨੀਸ਼ ਕੁਮਾਰ,
ਪੁੱਤਰ ਸ਼੍ਰੀ ਤਿਲਕ ਰਾਜ,
ਮਕਾਨ ਨੰ 88/11/12 ਭਾਰਗਵ ਕੈਂਪ,
ਜੰਲਧਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਮੈਡੀਕਲ ਸੁਪਰਡੰਟ,
ਸਿਵਲ ਹਸਪਤਾਲ, ਜੰਲਧਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਮੈਡੀਕਲ ਸੁਪਰਡੰਟ,
ਸਿਵਲ ਹਸਪਤਾਲ, ਜੰਲਧਰ। ------ਉੱਤਰਦਾਤਾ

**ਅਪੀਲ ਕੇਸ ਨੰ: 1945 /2019**

**ਹਾਜ਼ਰ:-**

1) ਸ਼੍ਰੀ ਰਜਨੀਸ਼ ਕੁਮਾਰ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੁਭ ਪ੍ਰਕਾਸ਼, ਸੀਨੀਅਰ ਸਹਾਇਕ (87270-01360) ਅਤੇ ਸ਼੍ਰੀ ਤਰੁਨਦੀਪ ਅਰੋੜਾ, ਕਲਰਕ (90705-00000)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 14-11-2018, ਲੋਕ ਸੂਚਨਾ ਅਧਿਕਾਰੀ ਦਫਤਰ ਮੈਡੀਕਲ ਸੁਪਰਡੰਟ, ਸਿਵਲ ਹਸਪਤਾਲ, ਜੰਲਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਸ਼੍ਰੀਮਤੀ ਕਮਲਾ ਰਾਣੀ ਪਤਨੀ ਸ਼੍ਰੀ ਗਨੇਸ਼ ਰਾਏ ਦੀ ਉਮਰ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 29-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸੁਭ ਪ੍ਰਕਾਸ਼, ਸੀਨੀਅਰ ਸਹਾਇਕ ਨੇ ਪੱਤਰ ਨੰ:ਅਮਲਾ-1-2019/7594, ਮਿਤੀ 05-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਸ਼੍ਰੀਮਤੀ ਕਮਲਾ ਰਾਣੀ ਦੀ ਨਿੱਜਤਾ ਨਾਲ ਹੋਣ ਕਾਰਨ ਅਪੀਲਕਰਤਾ ਨੂੰ ਨਹੀਂ ਦਿੱਤੀ ਜਾ ਸਕਦੀ।
ਲ਼ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਦੀ ਆਰ.ਟੀ.ਆਈ., ਮਿਤੀ 14-11-2018 ਸਬੰਧੀ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਜੇ ਤੱਕ ਕੋਈ ਵੀ ਜਵਾਬ ਅਪੀਲਕਰਤਾ ਨੂੰ ਨਹੀਂ ਭੇਜਿਆ ਗਿਆ ਜਦੋਂ ਕਿ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ, ਭਾਵ ਮਿਤੀ 13-12-2018 ਤੱਕ ਸੂਚਨਾ/ਜਵਾਬ ਭੇਜਣਾ ਬਣਦਾ ਸੀ। ਜਦੋਂ ਹਾਜ਼ਰ ਉੱਤਰਦਾਤਾ ਨੂੰ ਅਜੇ ਤੱਕ ਤੱਕ ਅਪੀਲਕਰਤਾ ਨੂੰ ਕੋਈ ਸੂਚਨਾ/ਜਵਾਬ ਨਾ ਭੇਜਣ ਬਾਰੇ ਪੁੱਛਿਆ ਗਿਆ ਤਾਂ ਉਹ ਇਸ ਬਾਰੇ ਕੋਈ ਸਪੱਸ਼ਟ ਜਵਾਬ ਨਹੀਂ ਦੇ ਸਕਿਆ। ਇਸ ਤੋਂ ਜ਼ਾਹਿਰ ਹੈ ਕਿ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਆਰ.ਟੀ.ਆਈ. ਐਕਟ, 2005 ਦੇ ਉਪਬੰਧਾਂ ਮੁਤਾਬਿਕ ਆਰ.ਟੀ.ਆਈ. ਕੇਸਾਂ ਨੂੰ ਨਿਰਧਾਰਿਤ ਸਮੇਂ ਅੰਦਰ ਨਿਪਟਾਉਣ ਵੱਲ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਕੋਈ ਵਿਸ਼ੇਸ਼ ਧਿਆਨ ਨਹੀਂ ਦਿੱਤਾ ਜਾ ਰਿਹਾ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਆਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ/ਜਵਾਬ ਅਪੀਲਕਰਤਾ ਨੂੰ ਸਮੇਂ ਸਿਰ ਮੁਹੱਈਆ ਨਾ ਕਰਾਉਣ ਬਾਰੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 19 **ਅਗਸਤ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਰਜਨੀ ਗੁਪਤਾ, (79867-99578)
ਪਤਨੀ ਸ਼੍ਰੀ ਅਨੁਰਾਗ ਗੁਪਤਾ,
ਛਾਹੜੀਆਂ ਮੁਹੱਲਾ (Charrian Mohala ),
ਗਲੀ ਰਾਜਾ ਰਾਮ, ਸੁਨਾਮ, ਜ਼ਿਲ੍ਹਾ ਸੰਗਰੂਰ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,
ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਉਪ ਮੰਡਲ ਮੈਜਿਸਟਰੇਟ,
ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ। -------ਉੱਤਰਦਾਤਾ

**ਅਪੀਲ ਕੇਸ ਨੰ: 1964/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 20-12-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ, ਸੁਨਾਮ ਊਧਮ ਸਿੰਘ ਵਾਲਾ, ਜ਼ਿਲ੍ਹਾ ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 22-05-2018 ਨੂੰ ਰਜਿਸਟਰਡ ਪੋਸਟ ਨੰ:ਆਰ.ਪੀ.-619609850-ਆਈ.ਐਨ ਰਾਹੀਂ ਭੇਜੀ ਗਈ ਸ਼ਿਕਾਇਤ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਈ ਪਰੰਤੂ ਉਸ ਵੱਲੋਂ ਆਪਣੇ ਪੱਤਰ, ਮਿਤੀ 07-06-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਹੈ ਕਿ ਉੱਤਰਦਾਤਾ ਵੱਲੋਂ ਉਸ ਨੂੰ ਗਲਤ ਸੂਚਨਾ ਭੇਜ਼ ਕੇ ਗੁੰਮਰਾਹ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ ਅਤੇ ਅਜੇ ਤੱਕ ਉਸ ਨੂੰ ਉਸ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ।

3. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ ਅਨੁਸਾਰ, ਆਰ.ਟੀ.ਆਈ. ਐਕਟ,2005 ਦੇ ਉਪਬੰਧਾਂ ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 10-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤਰਸੇਮ ਲਾਲ, (9855635850)
ਪੁੱਤਰ ਸ਼੍ਰੀ ਕਸਤੂਰੀ ਲਾਲ,
#35 ਲੇਨ ਨੰ:2 ਪੂਨੀਆ ਕਲੋਨੀ, ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ ਆਫ਼ ਪੁਲਿਸ, ਪੰਜਾਬ,
ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ: 1981/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 08-03-2019, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਫ.ਆਈ.ਆਰ., ਮਿਤੀ 22-10-2018 ਬਾਰੇ ਫੋਰੈਂਸਿਕ ਸਾਇੰਸ ਲੈਬ, ਚੰਡੀਗੜ੍ਹ/ਮੁਹਾਲੀ ਤੋਂ ਪ੍ਰਾਪਤ ਆਵਾਜ਼ ਸੈਂਪਲ ਅਤੇ ਲੈਪਟੋਪ ਦੀਆਂ ਪ੍ਰਾਪਤ ਰਿਪੋਰਟਾਂ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-10-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 28-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 19-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:68-ਅਪੀਲ/ਆਰ.ਟੀ.ਆਈ., ਮਿਤੀ 19-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਮਿਤੀ 03-04-2019 ਅਤੇ ਦੁਬਾਰਾ ਮਿਤੀ 26-04-2019 ਨੂੰ ਸਾਧਾਰਣ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸਮੇਂ ਸਿਰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਹੜੀ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਰਜਨੀਸ਼ ਕੁਮਾਰ, (9646149521)
ਬੀ-18/261 ਸਮਾਨੀਆ ਗੇਟ,
ਨਜਦੀਕ ਪੁਰਾਣਾ ਪੁਲਿਸ ਲਾਈਨ ਸਕੂਲ, ਪਟਿਆਲਾ। -----ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ, ਸਰਕਾਰੀ ਆਯੂਰਵੈਦਿਕ ਕਾਲਿਜ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਪ੍ਰਿੰਸੀਪਲ, ਸਰਕਾਰੀ ਆਯੂਰਵੈਦਿਕ ਕਾਲਿਜ, ਪਟਿਆਲਾ। ------ਉੱਤਰਦਾਤਾ

**ਅਪੀਲ ਕੇਸ ਨੰ: 1984 /2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਡਾਕਟਰ ਰਾਕੇਸ਼ ਪਾਠਕ, ਪ੍ਰੋਫੈਸਰ (98789-88455) ਅਤੇ ਸ਼੍ਰੀ ਮਨਨ ਕਪੂਰ, ਕਲਰਕ (98886-69200)

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-11-2018, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਸਰਕਾਰੀ ਆਯੂਰਵੈਦਿਕ ਕਾਲਿਜ, ਪਟਿਆਲਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਹਿਕਮੇ ਵਿੱਚ ਕੰਮ ਕਰਦੇ ਪੱਕੇ ਸਰਕਾਰੀ ਡਾਕਟਰ, ਕਰਮਚਾਰੀ/ਕਰਮਚਾਰਣਾਂ, ਜਿਨ੍ਹਾਂ ਨੇ 1 ਮਈ, 2011 ਤੋਂ ਮਿਤੀ-ਅੰਤ ਤੱਕ ਪੰਜਾਬ ਸਟੇਟ ਫੈਕਲਟੀ ਆਯੂਰਵੈਦਿਕ/ਯੂਨਾਨੀ ਸਿਸਟਮ ਆਫ ਮੈਡੀਸਿਨ ਦੇ ਦਫ਼ਤਰ ਤੋਂ ਪ੍ਰਾਪਤ ਕੀਤੀਆਂ ਅਦਾਇਗੀਆਂ ਦੀਆਂ ਰਕਮਾਂ ਨੂੰ ਇੰਨਕਮ ਟੈਕਸ ਰਿਟਰਨ ਵਿੱਚ ਸ਼ੋਅ ਕਰਕੇ ਇੰਨਕਮ ਟੈਕਸ ਭਰਿਆ ਗਿਆ, ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 31-05-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਡਾਕਟਰ ਰਾਕੇਸ਼ ਪਾਠਕ, ਪ੍ਰੋਫੈਸਰ ਨੇ ਪੱਤਰ ਨੰ:ਆਰ.ਟੀ.ਆਈ.-2018/5449, ਮਿਤੀ 18-12-2018 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਇਸ ਦੇ ਸਬੂਤ ਵਜੋਂ ਸੂਚਨਾ ਰਜਿਸਟਰਡ ਡਾਕ ਰਾਹੀਂ ਭੇਜਣ ਬਾਰੇ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਗਈ ਹੈ ਜਿਸ ਅਨੁਸਾਰ, ਮਿਤੀ 20-12-2018 ਨੂੰ ਰਜਿਸਟਰੀ ਕਰਵਾਈ ਗਈ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਹੜੀ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ਼ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਅਨਿਲ ਕੁਮਾਰ ਸਿੰਘ, (9463767583)
ਵਾਸੀ ਮੁੱਹਲਾ ਖੌਸਲਾ ਰਾਹੋਂ,
ਪਿੰਡ ਤੇ ਡਾਕਖਾਨਾ ਰਾਹੋਂ, ਤਹਿਸੀਲ ਨਵਾਂ ਸ਼ਹਿਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ-144517. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ-ਕਮ-
ਚੀਫ ਕੁਲੈਕਟਰ ਸੇਲ, ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਿਪਟੀ ਕਮਿਸ਼ਨਰ,
ਸ਼ਹੀਦ ਭਗਤ ਸਿੰਘ ਨਗਰ। -------ਉੱਤਰਦਾਤਾ

**ਅਪੀਲ ਕੇਸ ਨੰ: 2006/2019**

**ਹਾਜ਼ਰ:-**

1) ਸ਼੍ਰੀ ਅਨਿਲ ਕੁਮਾਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਵਿਨੋਦ ਕੁਮਾਰ, ਕਲਰਕ, ਨਗਰ ਕੌਂਸਿਲ, ਰਾਹੋਂ (98152-91284)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-01-2019, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ-ਕਮ-ਚੀਫ ਕੁਲੈਕਟਰ ਸੇਲ, ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮੁਸਾਫਿਰ ਖਾਨਾ ਬੱਸ ਸਟੈਂਡ ਰਾਹੋਂ ਦੀ ਮਾਲਕੀ ਦੇ ਰਿਕਾਰਡ ਆਦਿ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ।ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਰਾਹੋਂ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ-ਕਮ-ਚੀਫ ਕੁਲੈਕਟਰ ਸੇਲ, ਸ਼ਹੀਦ ਭਗਤ ਸਿੰਘ ਨਗਰ ਵੱਲੋਂ ਆਪਣੇ ਪੱਤਰ ਨੰ:791/ਆਰ.ਟੀ.ਆਈ. ਸੈਲ, ਮਿਤੀ 24-01-2019 ਰਾਹੀਂ ਅਪੀਲਕਰਤਾ ਦਾ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਉਨ੍ਹਾਂ ਨੂੰ ਤਬਦੀਲ ਕਰਦੇ ਹੋਏ ਅਪੀਲਕਰਤਾ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 03-06-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 19-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਵਿਨੋਦ ਕੁਮਾਰ, ਕਲਰਕ, ਨਗਰ ਕੌਂਸਿਲ, ਰਾਹੋਂ ਨੇ ਪੱਤਰ ਨੰ:1349, ਮਿਤੀ 16-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਉਨ੍ਹਾਂ ਦੇ ਪੱਤਰ ਨੰ:511, ਮਿਤੀ 20-03-2019 ਰਾਹੀਂ ਰਜਿਸਟਰਡ ਡਾਕ ਰਾਹੀਂ ਨੁਕਤਾਵਾਰ ਸੂਚਨਾ ਭੇਜੀ ਜਾ ਚੱਕੀ ਹੈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ। ਅਪੀਲਕਰਤਾ ਨੇ ਪੱਤਰ, ਮਿਤੀ 16-08-2019 ਦੀ ਕਾਪੀ ਪੇਸ਼ ਕਰਦੇ ਹੋਏ ਕਿਹਾ ਕਿ ਉਸ ਵੱਲੋਂ ਉੱਤਰਦਾਤਾ ਦੇ ਪੱਤਰ ਨੰ: ਪੱਤਰ ਨੰ:511, ਮਿਤੀ 20-03-2019 ਜੋ ਕਿ ਉਸ ਨੂੰ ਰਜਿਸਟਰਡ ਡਾਕ ਮਿਤੀ 25-03-2019 ਨੂੰ ਪ੍ਰਾਪਤ ਹੋਇਆ ਸੀ, ਸਬੰਧੀ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਉੱਤਰਦਾਤਾ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਉਸ ਨੇ ਅਜੇ ਤੱਕ ਮੁਕੰਮਲ ਸੂਚਨਾ ਪ੍ਰਾਪਤ ਨਹੀਂ ਹੋਈ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:** 2006/2019

ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਨਹੀਂ ਹੈ।ਅਪੀਲਕਰਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਵਿੱਚ ਕੋਈ ਲੋਕ ਹਿੱਤ ਸ਼ਾਮਿਲ ਨਹੀਂ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਭੇਜੀ ਗਈ ਸੂਚਨਾ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 19 **ਅਗਸਤ,** 2019.

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਰਾਹੋਂ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2317 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਅਪੀਲਕਰਤਾ ਸੂਚਨਾ ਪ੍ਰਾਪਤ ਕਰਨ ਵਾਸਤੇ ਮਿਤੀ 30-07-2019 ਨੂੰ ਉਨ੍ਹਾਂ ਦੇ ਕਾਲਿਜ ਵਿਖੇ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਦਾ ਨੁਮਾਇੰਦਾ ਸ਼੍ਰੀ ਹਰਸਿਮਰਨ ਸਿੰਘ ਸਚਦੇਵਾ ਐਡਵੋਕੇਟ ਮਿਤੀ 03-08-2019 ਨੂੰ ਬਿਨ੍ਹਾਂ ਕਿਸੇ ਪੂਰਵ ਸੂਚਨਾ ਦੇ ਕਾਲਿਜ ਵਿਖੇ ਹਾਜ਼ਰ ਹੋਇਆ ਸੀ ਜਿਸ ਨੂੰ ਰਿਕਾਰਡ ਇੰਸਪੈਕਸ਼ਨ ਕਰਨ ਦੀ ਆਗਿਆ ਦੇ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਜਵਾਬ, ਮਿਤੀ 05-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਅਪੀਲਕਰਤਾ ਦੇ ਨੁਮਾਇੰਦੇ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਮਿਤੀ 03-08-2019 ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਅੱਜ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੂਚਨਾ ਨੂੰ ਚੈੱਕ ਕਰਨ ਵਾਸਤੇ ਕੁੱਝ ਸਮਾਂ ਦੇਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ...........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2318 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਅਪੀਲਕਰਤਾ ਸੂਚਨਾ ਪ੍ਰਾਪਤ ਕਰਨ ਵਾਸਤੇ ਮਿਤੀ 30-07-2019 ਨੂੰ ਉਨ੍ਹਾਂ ਦੇ ਕਾਲਿਜ ਵਿਖੇ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਦਾ ਨੁਮਾਇੰਦਾ ਸ਼੍ਰੀ ਹਰਸਿਮਰਨ ਸਿੰਘ ਸਚਦੇਵਾ ਐਡਵੋਕੇਟ ਮਿਤੀ 03-08-2019 ਨੂੰ ਬਿਨ੍ਹਾਂ ਕਿਸੇ ਪੂਰਵ ਸੂਚਨਾ ਦੇ ਕਾਲਿਜ ਵਿਖੇ ਹਾਜ਼ਰ ਹੋਇਆ ਸੀ ਜਿਸ ਨੂੰ ਰਿਕਾਰਡ ਇੰਸਪੈਕਸ਼ਨ ਕਰਨ ਦੀ ਆਗਿਆ ਦੇ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਜਵਾਬ, ਮਿਤੀ 05-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਅਪੀਲਕਰਤਾ ਦੇ ਨੁਮਾਇੰਦੇ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਮਿਤੀ 03-08-2019 ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਅੱਜ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੂਚਨਾ ਨੂੰ ਚੈੱਕ ਕਰਨ ਵਾਸਤੇ ਕੁੱਝ ਸਮਾਂ ਦੇਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2319 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਅਪੀਲਕਰਤਾ ਸੂਚਨਾ ਪ੍ਰਾਪਤ ਕਰਨ ਵਾਸਤੇ ਮਿਤੀ 30-07-2019 ਨੂੰ ਉਨ੍ਹਾਂ ਦੇ ਕਾਲਿਜ ਵਿਖੇ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਦਾ ਨੁਮਾਇੰਦਾ ਸ਼੍ਰੀ ਹਰਸਿਮਰਨ ਸਿੰਘ ਸਚਦੇਵਾ ਐਡਵੋਕੇਟ ਮਿਤੀ 03-08-2019 ਨੂੰ ਬਿਨ੍ਹਾਂ ਕਿਸੇ ਪੂਰਵ ਸੂਚਨਾ ਦੇ ਕਾਲਿਜ ਵਿਖੇ ਹਾਜ਼ਰ ਹੋਇਆ ਸੀ ਜਿਸ ਨੂੰ ਰਿਕਾਰਡ ਇੰਸਪੈਕਸ਼ਨ ਕਰਨ ਦੀ ਆਗਿਆ ਦੇ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਜਵਾਬ, ਮਿਤੀ 05-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਅਪੀਲਕਰਤਾ ਦੇ ਨੁਮਾਇੰਦੇ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਮਿਤੀ 03-08-2019 ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਅੱਜ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੂਚਨਾ ਨੂੰ ਚੈੱਕ ਕਰਨ ਵਾਸਤੇ ਕੁੱਝ ਸਮਾਂ ਦੇਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2320 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਅਪੀਲਕਰਤਾ ਸੂਚਨਾ ਪ੍ਰਾਪਤ ਕਰਨ ਵਾਸਤੇ ਮਿਤੀ 30-07-2019 ਨੂੰ ਉਨ੍ਹਾਂ ਦੇ ਕਾਲਿਜ ਵਿਖੇ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਦਾ ਨੁਮਾਇੰਦਾ ਸ਼੍ਰੀ ਹਰਸਿਮਰਨ ਸਿੰਘ ਸਚਦੇਵਾ ਐਡਵੋਕੇਟ ਮਿਤੀ 03-08-2019 ਨੂੰ ਬਿਨ੍ਹਾਂ ਕਿਸੇ ਪੂਰਵ ਸੂਚਨਾ ਦੇ ਕਾਲਿਜ ਵਿਖੇ ਹਾਜ਼ਰ ਹੋਇਆ ਸੀ ਜਿਸ ਨੂੰ ਰਿਕਾਰਡ ਇੰਸਪੈਕਸ਼ਨ ਕਰਨ ਦੀ ਆਗਿਆ ਦੇ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਜਵਾਬ, ਮਿਤੀ 05-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਅਪੀਲਕਰਤਾ ਦੇ ਨੁਮਾਇੰਦੇ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਮਿਤੀ 03-08-2019 ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਅੱਜ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੂਚਨਾ ਨੂੰ ਚੈੱਕ ਕਰਨ ਵਾਸਤੇ ਕੁੱਝ ਸਮਾਂ ਦੇਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਸ਼ਾਹਿਦ ਅਖਤਰ, (98769-229371)
ਵਾਸੀ ਤੀਜੀ ਮੰਜ਼ਿਲ,
ਏ-323, ਡਿਫੈਂਸ ਕਲੌਨੀ,
ਨਵੀਂ ਦਿੱਲੀ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ........ ਉੱਤਰਦਾਤਾ

**ਅਪੀਲ ਕੇਸ ਨੰ:2321 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵੱਲੋਂ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371)।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਧਿਕਾਰਿਤ ਨੁਮਾਇੰਦੇ ਸ਼੍ਰੀ ਸਮੀਰ ਸਚਦੇਵਾ, ਐਡਵੋਕੇਟ ਦੀ ਤਰਫੋਂ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ (97817-50447)।

**ਹੁਕਮ:-**

ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ।

2. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਸ਼੍ਰੀ ਵਿਕਰਮ ਸਿੰਘ ਚਾਹਲ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਅਪੀਲਕਰਤਾ ਸੂਚਨਾ ਪ੍ਰਾਪਤ ਕਰਨ ਵਾਸਤੇ ਮਿਤੀ 30-07-2019 ਨੂੰ ਉਨ੍ਹਾਂ ਦੇ ਕਾਲਿਜ ਵਿਖੇ ਹਾਜਰ ਨਹੀਂ ਹੋਇਆ ਪਰੰਤੂ ਉਨ੍ਹਾਂ ਦਾ ਨੁਮਾਇੰਦਾ ਸ਼੍ਰੀ ਹਰਸਿਮਰਨ ਸਿੰਘ ਸਚਦੇਵਾ ਐਡਵੋਕੇਟ ਮਿਤੀ 03-08-2019 ਨੂੰ ਬਿਨ੍ਹਾਂ ਕਿਸੇ ਪੂਰਵ ਸੂਚਨਾ ਦੇ ਕਾਲਿਜ ਵਿਖੇ ਹਾਜ਼ਰ ਹੋਇਆ ਸੀ ਜਿਸ ਨੂੰ ਰਿਕਾਰਡ ਇੰਸਪੈਕਸ਼ਨ ਕਰਨ ਦੀ ਆਗਿਆ ਦੇ ਦਿੱਤੀ ਗਈ ਸੀ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਜਵਾਬ, ਮਿਤੀ 05-08-2019 ਰਾਹੀਂ ਵੀ ਕਮਿਸ਼ਨ ਨੂੰ ਸੂਚਿਤ ਕੀਤਾ ਹੋਇਆ ਹੈ।

3. ਅਪੀਲਕਰਤਾ ਦੇ ਨੁਮਾਇੰਦੇ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਕਿ ਕਮਿਸ਼ਨ ਦੇ ਹੁਕਮ, ਮਿਤੀ 23-07-2019 ਅਨੁਸਾਰ ਉਨ੍ਹਾਂ ਵੱਲੋਂ ਆਪਣੇ ਨੁਮਾਇੰਦੇ ਨੂੰ ਮਿਤੀ 03-08-2019 ਨੂੰ ਸੂਚਨਾ ਲੈਣ ਵਾਸਤੇ ਕਾਲਿਜ ਭੇਜਿਆ ਗਿਆ ਸੀ ਪਰੰਤੂ ਉੱਤਰਦਾਤਾ ਕਾਲਿਜ ਵੱਲੋਂ ਸੂਚਨਾ ਨਹੀਂ ਦਿੱਤੀ ਗਈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਨੁਮਾਇੰਦੇ ਨੇ ਅੱਜ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਸੂਚਨਾ ਦਸਤੀ ਦੇ ਦਿੱਤੀ ਗਈ ਹੈ। ਅਪੀਲਕਰਤਾ ਦੇ ਨੁਮਾਇੰਦੇ ਨੇ ਸੂਚਨਾ ਪ੍ਰਾਪਤ ਕਰ ਲਈ ਹੈ ਅਤੇ ਸੂਚਨਾ ਨੂੰ ਚੈੱਕ ਕਰਨ ਵਾਸਤੇ ਕੁੱਝ ਸਮਾਂ ਦੇਣ ਲਈ ਬੇਨਤੀ ਕੀਤੀ ਹੈ। ਅਪੀਲਕਰਤਾ ਦੇ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 09-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਵਰਿੰਦਰ ਅਰੋੜਾ, (70090-57985)
ਮਕਾਨ ਨੰ:478, 11.60 ਏਕੜ ਕਲੌਨੀ,
ਅਰਬਨ ਐਸਟੇਟ, ਫੇਸ-1, ਪਟਿਆਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ, ਸਕੱਤਰ, ਰਿਜਨਲ ਟਰਾਂਸਪੋਰਟ ਅਥਾਰਟੀ,
ਪਟਿਆਲਾ।

ਪਹਿਲੀ ਅਪੀਲੀ ਅਥਾਰਟੀ ,
ਦਫਤਰ ਸਟੇਟ ਟਰਾਂਸਪੋਰਟ ਕਮਿਸ਼ਨਰ,
ਪੰਜਾਬ ,ਚੰਡੀਗੜ। -------ਉੱਤਰਦਾਤਾ

**ਅਪੀਲ ਕੇਸ ਨੰ:1930 ਆਫ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 23-07-2019 ਤੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਫਾਰਮ ਨੰ:24 ਬਾਰੇ ਸੂਚਨਾ ਲਈ ਬਣਦੀ ਫੀਸ ਕੈਲਕੁਲੇਟ ਕਰਕੇ ਅਪੀਲਕਰਤਾ ਨੂੰ ਸੂਚਿਤ ਕੀਤਾ ਜਾਵੇ ਅਤੇ ਉਸ ਵੱਲੋਂ ਫੀਸ ਜਮ੍ਹਾਂ ਕਰਾਉਣ ਉਪਰੰਤ ਉਸ ਨੂੰ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਹਾਜ਼ਰੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 19-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 18-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਵੀ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ, ਮਿਤੀ 19-08-2019 ਰਾਹੀਂ ਭੇਜੇ ਗਏ ਪੱਤਰ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਦੋਵਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 19 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸਬ ਰਜਿਸਟਰਾਰ (ਪੱਛਮੀ),
ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ (ਪੱਛਮੀ),
ਲੁਧਿਆਣਾ। -------ਉੱਤਰਦਾਤਾ

**ਅਪੀਲ ਕੇਸ ਨੰ:2713/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਫਿਰ ਕਿਹਾ ਹੈ ਕਿ ਕਮਿਸ਼ਨ ਦੇ ਹੁਕਮ, ਮਿਤੀ 04-04-2018 ਅਨੁਸਾਰ ਉਸ ਨੂੰ ਅਜੇ ਤੱਕ ਮੁਆਵਜ਼ੇ ਵਜੋਂ 5000/-ਰੁਪਏ (ਕੇਵਲ ਪੰਜ ਹਜ਼ਾਰ ਰੁਪਏ) ਦੀ ਰਕਮ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਵੀ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਦਾ ਕਮਿਸ਼ਨ ਨੇ ਗੰਭੀਰ ਨੋਟਿਸ ਲਿਆ ਹੈ ਪਰੰਤੂ ਅਦਾਲਤ ਦੀ ਕਾਰਵਾਈ ਖਤਮ ਹੋਣ ਤੋਂ ਬਾਅਦ ਉੱਤਰਦਾਤਾ, ਸ਼੍ਰੀ ਕੰਵਰ ਨਰਿੰਦਰ ਸਿੰਘ, ਸਬ-ਰਜਿਸਟਰਾਰ (ਪੱਛਮੀ)-ਕਮ-ਲੋਕ ਸੂਚਨਾ ਅਧਿਕਾਰੀ ਨੇ ਟੈਲੀਫੋਨ ਰਾਹੀਂ ਦੱਸਿਆ ਕਿ ਉਨ੍ਹਾਂ ਦੀ ਡਿਊਟੀ ਹੜ੍ਹਾਂ ਕਾਰਨ ਲੱਗੀ ਹੋਣ ਕਾਰਨ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋ ਸਕੇ ਜਿਸ ਲਈ ਉਨ੍ਹਾਂ ਵੱਲੋਂ ਮੁਆਫ਼ੀ ਮੰਗੀ ਗਈ ਹੈ ਅਤੇ ਪੇਸ਼ੀ ਦੀ ਅਗਲੀ ਮਿਤੀ ਤੇ ਹਾਜ਼ਰ ਹੋਣ ਦਾ ਭਰੋਸਾ ਦਿੱਤਾ ਗਿਆ ਹੈ। ਉੱਤਰਦਾਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 11-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 19 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀਮਤੀ ਸ਼ੀਲਾ ਰਾਣੀ, (86991-74192)
ਪਤਨੀ ਸ਼੍ਰੀ ਰਾਧੇ ਸ਼ਿਆਮ,
ਵਾਸੀ ਖਲੀਫਾ ਗਲੀ, ਸੰਗਰੂਰ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਸੰਗਰੂਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਇੰਸਪੈਕਟਰ ਜਨਰਲ, ਪੁਲਿਸ,
ਪਟਿਆਲਾ ਰੇਂਜ, ਪਟਿਆਲਾ। -------ਉੱਤਰਦਾਤਾ

**ਅਪੀਲ ਕੇਸ ਨੰ:1399/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈਬ ਸਿੰਘ, ਏ.ਐਸ.ਆਈ. (80545-45411)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-10-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਿਤੀ 10-10-2017 ਨੂੰ ਕੀਤੀ ਗਈ ਮੇਲ, ਮਿਤੀ 14-10-17 ਨੂੰ ਯਸ਼ਪਾਲ ਅਤੇ ਉਸ ਦੇ ਆਪਣੇ ਖਿਲਾਫ ਝੂਠਾ ਕਲਦਰਾ ਰਪਟ ਨੰ:27 ਅਤੇ ਦਰਖਾਸਤ ਮਿਤੀ 28-02-2018 ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 22-12-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 15-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 18-06-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 17-07-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅਜੈਬ ਸਿੰਘ, ਏ.ਐਸ.ਆਈ. ਨੇ ਪੱਤਰ ਨੰ:54-ਅਪੀਲ/ਆਰ.ਟੀ.ਆਈ., ਮਿਤੀ 18-08-2019 ਪੇਸ਼ ਕਰਦੇ ਹੋਏ ਕਿਹਾ ਕਿ ਅਪੀਲਕਰਤਾ ਨੂੰ ਪਹਿਲਾਂ ਹੀ ਸੂਚਨਾ ਮੁਹੱਈਆ ਕਰਵਾਈ ਜਾ ਚੁੱਕੀ ਹੈ ਅਤੇ ਦੁਬਾਰਾ ਫਿਰ ਮਿਤੀ 16-08-2019 ਨੂੰ ਰਜਿਸਟਰਡ ਡਾਕ ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਇਸ ਦੇ ਸਬੂਤ ਵਜੋ ਹਾਜ਼ਰ ਉੱਤਰਦਾਤਾ ਵੱਲੋਂ ਰਜਿਸਟਰੀ ਦੀ ਰਸੀਦ ਦੀ ਕਾਪੀ ਵੀ ਪੇਸ਼ ਕੀਤੀ ਹੈ।
ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਅਪੀਲਕਰਤਾ ਲਗਾਤਾਰ ਤਿੰਨ ਪੇਸ਼ੀਆਂ ਵਿੱਚੋਂ ਕਿਸੇ ਵੀ ਪੇਸ਼ੀ ਤੇ ਹਾਜ਼ਰ ਨਹੀਂ ਹੋਈ ਅਤੇ ਨਾ ਹੀ ਉਸ

ਪਰਤੋ ਜੀ---ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1399/2019

ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ ਜਿਸ ਤੋਂ ਜ਼ਾਹਿਰ ਹੁੰਦਾ ਹੈ ਕਿ ਅਪੀਲਕਰਤਾ ਉਸ ਨੂੰ ਪ੍ਰਾਪਤ ਹੋਈ ਸੂਚਨਾ ਤੋਂ ਸੰਤੁਸਟ ਹੈ ਅਤੇ ਉਹ ਇਸ ਕੇਸ ਦੀ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰੱਖਦੀ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ ਜਿਹੜੀ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖ਼ਸ ਪਾਈ ਗਈ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 19 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਨੋਟ:-** ਅਪੀਲਕਰਤਾ ਦੀ ਤਰਫੋਂ ਸ਼੍ਰੀ ਰਾਹੁਲ ਜਿੰਦਲ ਪੁੱਤਰ ਸ਼੍ਰੀ ਯਸ਼ਪਾਲ ਜਿੰਦਲ ਅਦਾਲਤ ਦੀ ਕਾਰਵਾਈ ਖਤਮ ਹੋਣ ਉਪਰੰਤ ਹਾਜ਼ਰ ਹੋਇਆ ਜਿਸ ਨੂੰ ਅਦਾਲਤ ਦੀ ਕਾਰਵਾਈ ਤੋਂ ਜਾਣੂ ਕਰਵਾ ਦਿੱਤਾ ਗਿਆ ਹੈ।